

## SIKHS IN INDIA

# KIRTAN SOHILA
# in
# English & Punjabi

https://Sikhsinindia.com
Email: sikhsinindia@gmail.com

ਸੋਹਿਲਾ ਰਾਗੁ ਗਉੜੀ ਦੀਪਕੀ ਮਹਲਾ ੧

Sohilaa raag ga-orhee deepkee mehlaa 1

ੴ ਸਤਿਗੁਰ ਪ੍ਰਸਾਦਿ ॥

Ik-oNkaar satgur parsaad.

ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ ॥

Jai ghar keerat aakhee-ai kartay kaa ho-ay beechaaro.

ਤਿਤੁ ਘਰਿ ਗਾਵਹੁ ਸੋਹਿਲਾ ਸਿਵਰਿਹੁ ਸਿਰਜਣਹਾਰੋ ॥੧॥

tit ghar gaavhu sohilaa sivrihu sirjanhaaro. ||1||

ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ ॥

Tum gaavhu mayray nirbha-o kaa sohilaa.

ਹਉ ਵਾਰੀ ਜਿਤੁ ਸੋਹਿਲੈ ਸਦਾ ਸੁਖੁ ਹੋਇ ॥੧॥ ਰਹਾਉ ॥

Ha-o vaaree jit sohilai sadaa sukh ho-ay. ||1|| rahaa-o.

**ਨਿਤ ਨਿਤ ਜੀਅੜੇ ਸਮਾਲੀਅਨਿ ਦੇਖੈਗਾ ਦੇਵਣਹਾਰੁ ॥**

Nit nit jee-arhay samaalee-an daykhaigaa dayvanhaar.

**ਤੇਰੇ ਦਾਨੈ ਕੀਮਤਿ ਨਾ ਪਵੈ ਤਿਸੁ ਦਾਤੇ ਕਵਣੁ ਸੁਮਾਰੁ ॥੨॥**

Tayray daanai keemat naa pavai tis daatay kavan sumaar. ||2||

**ਸੰਬਤਿ ਸਾਹਾ ਲਿਖਿਆ ਮਿਲਿ ਕਰਿ ਪਾਵਹੁ ਤੇਲੁ ॥**

Sambat saahaa likhi-aa mil kar paavhu tayl.

**ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥**

Dayh sajan aseesrhee-aa ji-o hovai saahib si-o mayl. ||3||

**ਘਰਿ ਘਰਿ ਏਹੋ ਪਾਹੁਚਾ ਸਦੜੇ ਨਿਤ ਪਵੰਨਿ ॥**

Ghar ghar ayho paahuchaa sad-rhay nit pavann.

**ਸਦਣਹਾਰਾ ਸਿਮਰੀਐ ਨਾਨਕ ਸੇ ਦਿਹ ਆਵੰਨਿ ॥੪॥੧॥**

Sadanhaaraa simree-ai naanak say dih aavann. ||4||1||

## ਰਾਗੁ ਆਸਾ ਮਹਲਾ ੧ ॥
## Raag aasaa mehlaa 1.

**ਛਿਅ ਘਰ ਛਿਅ ਗੁਰ ਛਿਅ ਉਪਦੇਸ ॥**
Chhi-a ghar chhi-a gur chhi-a updays.
**ਗੁਰੁ ਗੁਰੁ ਏਕੋ ਵੇਸ ਅਨੇਕ ॥੧॥**
Gur gur ayko vays anayk. ||1||
**ਬਾਬਾ ਜੈ ਘਰਿ ਕਰਤੇ ਕੀਰਤਿ ਹੋਇ ॥**
Baabaa jai ghar kartay keerat ho-ay.
**ਸੋ ਘਰੁ ਰਾਖੁ ਵਡਾਈ ਤੋਇ ॥੧॥ ਰਹਾਉ ॥**
So ghar raakh vadaa-ee to-ay.
||1|| rahaa-o.
**ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ ਮਾਹੁ ਹੋਆ ॥**
Visu-ay chasi-aa gharhee-aa pahraa thitee vaaree maahu ho-aa.
**ਸੂਰਜੁ ਏਕੋ ਰੁਤਿ ਅਨੇਕ ॥**
Sooraj ayko rut anayk.
**ਨਾਨਕ ਕਰਤੇ ਕੇ ਕੇਤੇ ਵੇਸ ॥੨॥੨॥**
Naanak kartay kay kaytay vays. ||2||2||

## ਰਾਗੁ ਧਨਾਸਰੀ ਮਹਲਾ ੧ ॥
## Raag Dhanaasree mehlaa 1.

**ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥**

Gagan mai thaal rav chand deepak banay taarikaa mandal janak motee.

**ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥**

Dhoop mal-aanlo pavan chavro karay sagal banraa-ay foolant jotee. ||1||

**ਕੈਸੀ ਆਰਤੀ ਹੋਇ ॥**

Kaisee aartee ho-ay.

**ਭਵ ਖੰਡਨਾ ਤੇਰੀ ਆਰਤੀ ॥**

bhav khandnaa tayree aartee.

**ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥**

Anhataa sabad vaajant bhayree. ||1|| rahaa-o.

**ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤਦ਼ਹੀ ॥**

Sahas tav nain nan nain heh tohi ka-o sahas moorat nanaa ayk tohee.

ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥

Sahas pad bimal nan ayk pad ganDh bin sahas tav ganDh iv chalat mohee. ||2||

ਸਭ ਮਹਿ ਜੋਤਿ ਜੋਤਿ ਹੈ ਸੋਇ ॥

Sabh meh jot jot hai so-ay.

ਤਿਸ ਦੈ ਚਾਨਣਿ ਸਭ ਮਹਿ ਚਾਨਣੁ ਹੋਇ ॥

Tis dai chaanan sabh meh chaanan ho-ay.

ਗੁਰ ਸਾਖੀ ਜੋਤਿ ਪਰਗਟੁ ਹੋਇ ॥

Gur saakhee jot pargat ho-ay.

ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥

Jo tis bhaavai so aartee ho-ay. ||3||

ਹਰਿ ਚਰਣ ਕਵਲ ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ ਆਹੀ ਪਿਆਸਾ ॥

Har charan kaval makrand lobhit mano andino mohi aahee pi-aasaa.

ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਇ ਵਾਸਾ ॥੪॥੩॥

Kirpaa jal deh naanak saaring ka-o ho-ay jaa tay tayrai naa-ay vaasaa. ||4||3||

**ਰਾਗੁ ਗਉੜੀ ਪੂਰਬੀ ਮਹਲਾ ੪ ॥**
**Raag ga-orhee poorbee mehlaa 4.**

**ਕਾਮਿ ਕਰੋਧਿ ਨਗਰੁ ਬਹੁ ਭਰਿਆ ਮਿਲਿ ਸਾਧੂ ਖੰਡਲ ਖੰਡਾ ਹੇ ॥**
Kaam karoDh nagar baho bhari-aa mil saaDhoo khandal khanda hay.
**ਪੂਰਬਿ ਲਿਖਤ ਲਿਖੇ ਗੁਰੁ ਪਾਇਆ ਮਨਿ ਹਰਿ ਲਿਵ ਮੰਡਲ ਮੰਡਾ ਹੇ ॥੧॥**
Poorab likhat likhay gur paa-i-aa man har liv mandal mandaa hay. ||1||
**ਕਰਿ ਸਾਧੂ ਅੰਜੁਲੀ ਪੁਨੁ ਵਡਾ ਹੇ ॥**
Kar saaDhoo anjulee pun vadaa hay.
**ਕਰਿ ਡੰਡਉਤ ਪੁਨੁ ਵਡਾ ਹੇ ॥੧॥ ਰਹਾਉ ॥**
Kar dand-ut pun vadaa hay. ||1|| rahaa-o.
**ਸਾਕਤ ਹਰਿ ਰਸ ਸਾਦੁ ਨ ਜਾਣਿਆ ਤਿਨ ਅੰਤਰਿ ਹਉਮੈ ਕੰਡਾ ਹੇ ॥**
Saakat har ras saad na jaani-aa tin antar ha-umai kandaa hay.

**ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ ਸਹਹਿ ਸਿਰਿ ਡੰਡਾ ਹੇ ॥੨॥**

Ji-o ji-o chaleh chubhai dukh paavahi jamkaal saheh sir dandaa hay. ||2||

**ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ ਮਰਣ ਭਵ ਖੰਡਾ ਹੇ ॥**

Har jan har har naam samaanay dukh janam maran bhav khanda hay.

**ਅਬਿਨਾਸੀ ਪੁਰਖੁ ਪਾਇਆ ਪਰਮੇਸਰੁ ਬਹੁ ਸੋਭ ਖੰਡ ਬ੍ਰਹਮੰਡਾ ਹੇ ॥੩॥**

Abhinaasee purakh paa-i-aa parmaysar b aho sobh khand barahmandaa hay. ||3||

**ਹਮ ਗਰੀਬ ਮਸਕੀਨ ਪ੍ਰਭ ਤੇਰੇ ਹਰਿ ਰਾਖੁ ਰਾਖੁ ਵਡ ਵਡਾ ਹੇ ॥**

Ham gareeb maskeen parabh tayray har raakh raakh vad vadaa hay.

**ਜਨ ਨਾਨਕ ਨਾਮੁ ਅਧਾਰੁ ਟੇਕ ਹੈ ਹਰਿ ਨਾਮੇ ਹੀ ਸੁਖੁ ਮੰਡਾ ਹੇ ॥੪॥੪॥**

Jan naanak naam aDhaar tayk hai har naamay hee sukh mandaa hay. ||4||4||

## ਰਾਗੁ ਗਉੜੀ ਪੂਰਬੀ ਮਹਲਾ ੫ ॥
## Raag ga-orhee poorbee mehlaa 5.

**ਕਰਉ ਬੇਨੰਤੀ ਸੁਣਹੁ ਮੇਰੇ ਮੀਤਾ ਸੰਤ ਟਹਲ ਕੀ ਬੇਲਾ ॥**

Kara-o baynantee sunhu mayray meetaa sant tahal kee baylaa.

**ਈਹਾ ਖਾਟਿ ਚਲਹੁ ਹਰਿ ਲਾਹਾ ਆਗੈ ਬਸਨੁ ਸੁਹੇਲਾ ॥੧॥**

Eehaa khaat chalhu har laahaa aagai basan suhaylaa. ||1||

**ਅਉਧ ਘਟੈ ਦਿਨਸੁ ਰੈਣਾਰੇ ॥**

A-oDh ghatai dinas rainaaray.

**ਮਨ ਗੁਰ ਮਿਲਿ ਕਾਜ ਸਵਾਰੇ ॥੧॥ ਰਹਾਉ ॥**

Man gur mil kaaj savaaray. ||1|| rahaa-o.

**ਇਹੁ ਸੰਸਾਰੁ ਬਿਕਾਰੁ ਸੰਸੇ ਮਹਿ ਤਰਿਓ ਬ੍ਰਹਮ ਗਿਆਨੀ ॥**

Ih sansaar bikaar sansay meh tari-o barahm gi-aanee.

**ਜਿਸਹਿ ਜਗਾਇ ਪੀਆਵੈ ਇਹੁ ਰਸੁ ਅਕਥ ਕਥਾ ਤਿਨਿ ਜਾਨੀ ॥੨॥**

Jisahi jagaa-ay pee-aavai ih ras akath kathaa tin jaanee. ||2||

**ਜਾ ਕਉ ਆਏ ਸੋਈ ਬਿਹਾਝਹੁ ਹਰਿ ਗੁਰ ਤੇ ਮਨਹਿ ਬਸੇਰਾ ॥**

Jaa ka-o aa-ay so-ee bihaajhahu har gur tay maneh basayraa.

**ਨਿਜ ਘਰਿ ਮਹਲੁ ਪਾਵਹੁ ਸੁਖ ਸਹਜੇ ਬਹੁਰਿ ਨ ਹੋਇਗੋ ਫੇਰਾ ॥੩॥**

Nij ghar mahal paavhu sukh sehjay bahur na ho-igo fayraa. ||3||

**ਅੰਤਰਜਾਮੀ ਪੁਰਖ ਬਿਧਾਤੇ ਸਰਧਾ ਮਨ ਕੀ ਪੂਰੇ ॥**

Antarjaamee purakh biDhaatay sarDhaa man kee pooray.

**ਨਾਨਕ ਦਾਸੁ ਇਹੈ ਸੁਖੁ ਮਾਗੈ ਮੋ ਕਉ ਕਰਿ ਸੰਤਨ ਕੀ ਧੂਰੇ ॥੪॥੫॥**

Naanak daas ihai sukh maagai mo ka-o kar santan kee Dhooray. ||4||5||

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਹਿ ॥

Waheguru Ji Ka Khalsa
Waheguru Ji Ki Fateh.